# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 05-12-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਖੇਤੀਬਾੜੀ ਵਿਗਿਆਨੀਆਂ ਨੂੰ ਕੁਦਰਤੀ ਆਫ਼ਤਾਂ, ਜਲਵਾਯੂ ਤਬਦੀਲੀ ਅਤੇ ਕੁਦਰਤੀ ਸਰੋਤਾਂ ਦੀ ਗਲਤ ਵਰਤੋਂ ਵਰਗੀਆਂ ਚੁਣੌਤੀਆਂ ਤੋਂ ਕਿਸਾਨਾਂ ਨੂੰ ਬਚਾਉਣ ਲਈ ਮੌਜੂਦਾ ਸਮੇਂ ਮੁਤਾਬਕ ਨਵੀਆਂ ਯੋਜਨਾਵਾਂ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਖੇਤੀਬਾੜੀ ਖੇਤਰ ਅਤੇ ਕਿਸਾਨਾਂ ਨੂੰ ਮਜ਼ਬੂਤ ਬਣਾਉਣ ਲਈ ਨਵੀਨਤਮ ਡਰੋਨ ਤਕਨਾਲੋਜੀ, ਰਿਮੋਟ ਸੈਂਸਿੰਗ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਨੈਨੋ ਤਕਨਾਲੋਜੀ ਦੀ ਵਰਤੋਂ ਕੀਤੀ ਜਾਣੀ ਚਾਹੀਦੀ ਏ। ਅੱਜ ਸਵੇਰੇ ਭੁਵਨੇਸ਼ਵਰ ਵਿੱਚ ਓਡੀਸ਼ਾ ਯੂਨੀਵਰਸਿਟੀ ਆਫ ਐਗਰੀਕਲਚਰ ਐਂਡ ਟੈਕਨਾਲੋਜੀ ਦੀ 40ਵੀਂ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਖੇਤੀ ਵਿਗਿਆਨੀਆਂ ਨੂੰ ਦੇਸ਼ ਲਈ ਨਵੀਆਂ ਯੋਜਨਾਵਾਂ ਤਿਆਰ ਕਰਦੇ ਹੋਏ

ਮਿੱਟੀ ਦੀ ਸਿਹਤ, ਵਾਤਾਵਰਣ, ਮਿੱਟੀ ਦੀ ਸੰਭਾਲ ਅਤੇ ਕੁਦਰਤੀ ਸਰੋਤਾਂ ਦੀ ਸਹੀ ਵਰਤੋਂ 'ਤੇ ਧਿਆਨ ਦੇਣਾ ਚਾਹੀਦਾ ਏ।

---------------------------------------------------------------------------

ਭਾਰਤੀ ਪੁਲਾੜ ਖੋਜ ਸੰਗਠਨ- ਇਸਰੋ ਨੇ, ਪੁਲਾੜ ਵਾਹਨ ਵਿਚ ਇੱਕ ਨੁਕਸ ਦਾ ਪਤਾ ਲੱਗਣ ਕਾਰਨ, PSLV C 59 -ਪ੍ਰੋਬਾ-3 ਮਿਸ਼ਨ ਦੇ ਪਰੀਖਣ ਨੂੰ ਮੁੜ ਤੈਅ ਕੀਤਾ ਏ । ਹੁਣ ਇਸਨੂੰ ਅੱਜ ਸ਼ਾਮ 4 ਵੱਜਕੇ 12 ਮਿੰਟ ਤੇ ਛਡਿਆ ਜਾਵੇਗਾ। ਪ੍ਰੋਬਾ -3, ਸੂਰਜ ਦੇ ਬਾਹਰੀ ਵਾਯੂਮੰਡਲ ਦਾ ਅਧਿਐਨ ਕਰੇਗਾ।

---------------------------------------------------------------------------

-ਦੇਸ਼ ਦੀ ਸੇਵਾ ਕਰ ਰਹੇ ਬਹਾਦਰ ਸੈਨਿਕਾਂ ਦੇ ਸਨਮਾਨ ਵਜੋਂ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਮ ਹਾਲਾਤ ਵਿੱਚ ਜਾਨ ਗੁਆਉਣ ਵਾਲੇ ਹਥਿਆਰਬੰਦ ਬਲਾਂ ਦੇ 86 ਜਵਾਨਾਂ ਲਈ 21 ਅਸ਼ਾਰੀਆ 50 ਕਰੋੜ ਰੁਪਏ ਦੇ ਐਕਸ-ਗ੍ਰੇਸ਼ੀਆ ਨੂੰ ਮਨਜ਼ੂਰੀ ਦਿੱਤੀ ਏ। ਇਸ ਨਾਲ ਪ੍ਰਤੀ ਸੈਨਿਕ 25 ਲੱਖ ਰੁਪਏ ਮਿਲਣਗੇ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ , ਏਸ ਐਕਸ-ਗ੍ਰੇਸ਼ੀਆ ਰਕਮ ਨੂੰ ਤੁਰੰਤ

ਜਾਰੀ ਕਰਨ ਦੇ ਹੁਕਮ ਕੀਤੇ। ਮੁਖ ਮੰਤਰੀ ਨੇ **ਸੈਨਿਕ ਸਕੂਲ ਕਪੂਰਥਲਾ** ਦੀ ਕਾਇਆ ਕਲਪ ਕਰਨ ਅਤੇ ਇਸ ਦੀ ਢੁਕਵੀਂ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਇਆ। ਸ੍ਰੀ ਮਾਨ ਨੇ ਕਿਹਾ ਕਿ ਉਹ ਇਸ ਮੁੱਦੇ ਨੂੰ ਪਹਿਲਾਂ ਹੀ ਕੇਂਦਰ ਸਰਕਾਰ ਦੇ ਰੱਖਿਆ ਮੰਤਰਾਲੇ ਕੋਲ ਉਠਾ ਚੁੱਕੇ ਹਨੇ ।ਇਸ ਦੌਰਾਨ ਮੁੱਖ ਮੰਤਰੀ ਨੇ ਸੂਬੇ ਦੇ ਜੰਗੀ ਨਾਇਕਾਂ ਦੇ ਸਨਮਾਨ ਵਜੋਂ ਹਰੇਕ ਜ਼ਿਲ੍ਹੇ ਵਿੱਚ ਜੰਗੀ ਯਾਦਗਾਰਾਂ ਬਣਾਉਣ ਦੀ ਪ੍ਰਵਾਨਗੀ ਵੀ ਦੇ ਦਿੱਤੀ ਏ।

------------------------------------------------------------------------------------

ਮਾਨਸਾ ਵਿਚ ਅੱਜ ਤੜਕੇ 3:00 ਵਜੇ ਸੰਗਰੂਰ ਜ਼ਿਲ੍ਹੇ ਦੇ ਕਿਸਾਨਾਂ ਅਤ ਪੁਲਿਸ ਵਿਚਾਲੇ ਉਸ ਵੇਲੇ ਝੜਪ ਹੋ ਗਈ ਜਦੋਂ ਪੁਲਿਸ ਨੇ ਨਾਕਾਬੰਦੀ ਕਰਕੇ ਕਿਸਾਨਾਂ ਨੂੰ  ਗੁਜਰਾਤ ਗੈਸ ਪਾਈਪ ਲਾਈਨ ਦਾ ਵਿਰੋਧ ਕਰਨ ਲਈ ਬਠਿੰਡਾ ਜਾਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ । ਮਾਨਸਾ ਦੇ ਪੁਲਿਸ ਸੁ ਪਰਡੈਂਟ ਮਨਮੋਹਨ ਸਿੰਘ ਔਲਖ ਨੇ ਦੱਸਿਆ ਕੇ ਕਿਸਾਨਾਂ ਵਲੋਂ ਪੁਲਿਸ ਦੇ SHO  ਨਾਲ ਮਾਰ ਕੁੱਟ ਕੀਤੀ ਗਈ  ਏ।  ਤਕਰਾਰ  ਵਧਦਾ ਵੇਖ ਕੇ

ਪੁਲਿਸ ਨੂੰ ਕਿਸਾਨਾਂ 'ਤੇ ਲਾਠੀਚਾਰਜ ਕਰਨਾ ਪਿਆ। ਲਾਠੀਚਾਰਜ ਦੌ ਰਾਨ ਕਿਸਾਨਾਂ ਨੇ ਵੀ ਪੁਲਿਸ ਉਪਰ ਹਮਲਾ ਕਰ ਦਿੱਤਾ। ਸਾਡੇ ਮਾਨਸਾ ਵਾਲੇ ਪੱਤਰਕਾਰ ਨੇ ਦੱਸਿਆ ਏ ਕਿ ਝੜਪ ਦੌਰਾਨ ਕਈ ਪੁਲਿਸ ਅਧਿ ਕਾਰੀ ਜ਼ਖ਼ਮੀ ਹੋਏ ਹਨ ਜਿਨ੍ਹਾਂ ਨੂੰ ਮਾਨਸਾ ਦੇ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ। ਪੁਲਿਸ ਅਨੁਸਾਰ ਉਨ੍ਹਾਂ ਦੀਆਂ ਕਈ ਗੱ ਡੀਆਂ ਦੀ ਭੰਨਤੋੜ ਕੀਤੀ ਗਈ ਏ ਤੇ ਸਥਿਤੀ ਹੁਣ ਕਾਬੂ ਹੇਠ ਏ।

---------------------------------------------------------------------------

ਸ਼੍ਰੀ ਅਕਾਲ ਤਖਤ ਸਾਹਿਬ ਤੋਂ ਲਗੀ ਸੇਵਾ ਦੇ ਸਬੰਧ ਵਿਚ ਪੰਜਾਬ ਦੇ ਸਾਬਕਾ ਉਪ ਮੁਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੇਵਾ ਸ਼ੁਰੂ ਕਰ ਦਿਤੀ ਏ। ਉਨਾਂ ਨੇ 9 ਵਜੇ ਦੇ ਕਰੀਬ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਅੰਦਰ ਜਾਣ ਵਾਲੇ ਮੁੱਖ ਰਾਹ ਤੇ ਚਰਨ ਕੁੰਡ ਦੇ ਬਿਲਕੁਲ ਕੋਲ ਸੇਵਾਦਾਰ ਵਜੋਂ ਸੇਵਾ ਸ਼ੁਰੂ ਕੀਤੀ ਏ। ਪੁਲਿਸ ਨੇ ਸ਼੍ਰੀ ਕੇਸਗੜ੍ਹ ਸਾਹਿਬ ਨੂੰ ਆਉਣ ਵਾਲੇ ਰਸਤਿਆਂ ਤੇ ਮੈਟਲ ਡਿਟੈਕਟਰ ਲਗਾ ਕੇ ਸੁਰੱਖਿਆ ਦਾ ਘੇਰਾ ਮਜਬੂਤ ਕਰ ਦਿਤਾ ਏ।

------------------------------------------------------------------------------

ਸਰਹਦੀ ਸੁਰੱਖਿਆ ਬਲ ਨੇ ਪੰਜਾਬ ਪੁਲਿਸ ਨਾਲ ਤਾਲਮੇਲ ਕਰ ਕੇ, ਬੀਤੀ ਸ਼ਾਮ ਪਾਕਿਸਤਾਨ ਨਾਲ ਲੱਗਦੀ ਪੰਜਾਬ ਸਰਹੱਦ ਦੇ ਨਾਲ ਚਾਰ ਥਾਵਾਂ 'ਤੇ ਤਸਕਰੀ ਦੀਆਂ ਤਿੰਨ ਕੋਸ਼ਿਸ਼ਾਂ ਨੂੰ ਨਾਕਾਮ ਕਰਦਿਆਂ, 3 ਤਸਕਰਾਂ ਨੂੰ ਗ੍ਰਿਫ਼ਤਾਰ ਕਰ ਕੇ, 5 ਕਿਲੋ ਤੋਂ ਵੱਧ ਹੈਰੋਇਨ ਅਤੇ ਇੱਕ ਡਰੋਨ ਬਰਾਮਦ ਕੀਤਾ ਏ। ਬੀ.ਐਸ.ਐਫ ਦੇ ਸੂਤਰਾਂ ਦੇ ਹਵਾਲੇ ਨਾਲ, ਸਾਡੇ ਜਲੰਧਰ ਦੇ ਪੱਤਰਕਾਰ ਨੇ ਦੱਸਿਆ ਏ ਕਿ ਜਿਵੇਂ ਹੀ ਬੀ.ਐਸ.ਐਫ ਦੇ ਜਵਾਨਾਂ ਨੂੰ ਗੁਰਦਾਸਪੁਰ ਦੇ ਸਰਹੱਦੀ ਖੇਤਰ ਵਿਚ ਇੱਕ ਫਾਰਮ ਹਾਊਸ ਵਿਚ ਦੋ ਸ਼ੱਕੀ ਵਿਅਕਤੀਆਂ ਦੀ ਮੌਜੂਦਗੀ ਦੀ ਸੂਚਨਾ ਮਿਲੀ, ਤਾਂ ਜਵਾਨਾਂ ਨੇ ਪੰਜਾਬ ਪੁਲਿਸ ਨਾਲ ਤਾਲਮੇਲ ਕਰ ਕੇ ਇੱਕ ਆਪ੍ਰੇਸ਼ਨ ਚਲਾਇਆ ਅਤੇ ਮੁਲਜ਼ਮਾਂ ਨੂੰ 4 ਕਿਲੋ ਹੈਰੋਇਨ ਨਾਲ ਕਾਬੂ ਕੀਤਾ। ਤਿੰਨ ਹੋਰ ਕਾਰਵਾਈਆਂ ਦੌਰਾਨ ਫਾਜ਼ਿਲਕਾ, ਅੰਮ੍ਰਿਤਸਰ ਤੇ ਤਰਨਤਾਰਨ ਵਿਚ ਇੱਕ ਹੋਰ ਤਸਕਰ ਨੂੰ ਗ੍ਰਿਫ਼ਤਾਰ ਕਰ ਕੇ ਹੈਰੋਇਨ ਅਤੇ ਇੱਕ ਡਰੋਨ ਬਰਾਮਦ ਕੀਤਾ ਗਿਆ। ਫੜੇ ਗਏ ਤਸਕਰਾਂ ਨੂੰ ਪੰਜਾਬ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ